# ਪ੍ਰਧਾਨ ਮੰਤਰੀ ਦੀ ਬ੍ਰਾਜ਼ੀਲ ਦੇ ਰਾਸ਼ਟਰਪਤੀ ਨਾਲ ਮੁਲਾਕਾਤ

ਸਤੰਬਰ 10, 2023

ਪ੍ਰਧਾਨ ਮੰਤਰੀ ਸ਼੍ਰੀ ਨਰੇਂਦਰ ਮੋਦੀ ਨੇ ਬ੍ਰਾਜ਼ੀਲ ਦੇ ਰਾਸ਼ਟਰਪਤੀ, ਐਚ.ਈ. ਸ਼੍ਰੀ ਲੁਈਜ਼ ਇਨਾਸੀਓ ਲੂਲਾ ਡਾ ਸਿਲਵਾ, ਨਾਲ 10 ਸਤੰਬਰ 2023 ਨੂੰ, ਨਵੀਂ ਦਿੱਲੀ ਵਿੱਚ ਜੀ-20 ਸਿਖਰ ਸੰਮੇਲਨ ਦੌਰਾਨ ਮੁਲਾਕਾਤ ਕੀਤੀ।

ਰਾਸ਼ਟਰਪਤੀ ਲੂਲਾ ਨੇ ਭਾਰਤ ਦੀ ਜੀ-20 ਪ੍ਰੈਜ਼ੀਡੈਂਸੀ ਦੀ ਸਫਲਤਾ 'ਤੇ ਪ੍ਰਧਾਨ ਮੰਤਰੀ ਨੂੰ ਵਧਾਈ ਦਿੱਤੀ। ਪ੍ਰਧਾਨ ਮੰਤਰੀ ਨੇ ਅਗਲੇ ਸਾਲ ਬ੍ਰਾਜ਼ੀਲ ਦੀ ਜੀ-20 ਪ੍ਰੈਜ਼ੀਡੈਂਸੀ ਲਈ ਆਪਣੀਆਂ ਸ਼ੁਭਕਾਮਨਾਵਾਂ ਦਿੱਤੀਆਂ ਅਤੇ ਉਨ੍ਹਾਂ ਨੂੰ ਭਾਰਤ ਦੇ ਪੂਰਨ ਸਮਰਥਨ ਦਾ ਭਰੋਸਾ ਦਿੱਤਾ।

ਭਾਰਤ - ਬ੍ਰਾਜ਼ੀਲ ਰਣਨੀਤਕ ਭਾਈਵਾਲੀ ਨੂੰ ਮਜ਼ਬੂਤ ਕਰਨ ਦੇ ਤਰੀਕਿਆਂ 'ਤੇ ਚਰਚਾ ਹੋਈ, ਜਿਸ ਵਿੱਚ ਬਾਇਓ-ਇੰਧਨ, ਫਾਰਮਾਸਿਊਟੀਕਲ, ਖੇਤੀ ਆਧਾਰਿਤ ਉਦਯੋਗ, ਪੁਲਾੜ ਅਤੇ ਹਵਾਈ ਸਹਿਯੋਗ ਸ਼ਾਮਲ ਹੈ।

ਮੀਟਿੰਗ ਦੇ ਅੰਤ ਵਿੱਚ ਇੱਕ ਸਾਂਝਾ ਬਿਆਨ ਜਾਰੀ ਕੀਤਾ ਗਿਆ।

**ਨਵੀਂ ਦਿੱਲੀ**
**ਸਤੰਬਰ 10, 2023**